**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਰਮਜੀਤ ਸਿੰਘ, (94639-62995)
ਪੁੱਤਰ ਸ਼੍ਰੀ ਮੱਘਰ ਸਿੰਘ,
1169, ਖੰਨਾ ਨਗਰ ਰੋਡ ਬਾਈ ਪਾਸ,
ਲਹਿਰਾ ਗਾਗਾ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸਕੱਤਰ,
ਪ੍ਰਸੋਨਲ ਵਿਭਾਗ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਸਕੱਤਰ, ਪ੍ਰਸੋਨਲ ਵਿਭਾਗ, ਪੰਜਾਬ, ਚੰਡੀਗੜ੍ਹ। --------ਉੱਤਰਦਾਤਾ

**ਅਪੀਲ ਕੇਸ ਨੰ 1658/2019**

**ਹਾਜ਼ਰ:-**

1) ਸ਼੍ਰੀ ਕਰਮਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਵਿੰਦਰ ਸਿੰਘ ਮੰਡੇਰ, ਸੀਨੀਅਰ ਸਹਾਇਕ (85916-55999)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 03-09-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਾਜਪਾਲ, ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕੁੱਝ ਆਂਗਨਵਾੜੀ ਵਰਕਰਾਂ ਵੱਲੋਂ ਬਦਲੀ ਕਰਵਾਉਣ ਦੀਆਂ ਧਮਕੀਆਂ ਦੇਣ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਰਾਜਪਾਲ, ਪੰਜਾਬ ਵੱਲੋਂ ਆਪਣੇ ਪੱਤਰ ਨੰ:ਪਰਭ-1ਜੀ-2018/9063, ਮਿਤੀ 14-09-2018 ਰਾਹੀਂ ਅਪੀਲਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪ੍ਰਸੋਨਲ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤੀ ਗਈ ਸੀ ਅਤੇ ਅਪੀਲਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਵੱਲੋਂ 29-01-2019 ਨੂੰ ਪਹਿਲੀ ਅਪੀਲ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਗਈ ਸੀ। ਉਸ ਉਪਰੰਤ ਉਸ ਨੇ ਮਿਤੀ 30-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜ਼ਸਵਿੰਦਰ ਸਿੰਘ ਮੰਡੇਰ, ਸੀਨੀਅਰ ਸਹਾਇਕ ਨੇ ਪੱਤਰ ਨੰ:18/19/2017-5 ਪੀ.ਪੀ2./ ਮਿਤੀ 30-07-2018 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ ਅੰਕਿਤ ਹੈ, ਰਾਹੀ ਆਪਣਾ ਜਵਾਬ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਤਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਤੇ ਵੀ ਨਾ-ਤਸੱਲੀਬ਼ਖਸ਼ ਪਾਇਆ ਗਿਆ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ** 1658/2019

ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 28-08-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 31 **ਜੁਲਾਈ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਹਰਪ੍ਰੀਤ ਕੋਰ, (9256410049)
ਪੁੱਤਰੀ ਸ਼੍ਰੀ ਅਵਤਾਰ ਸਿੰਘ,
ਪਿੰਡ ਧਲੇਰ ਕਲਾਂ, ਡਾਕਖਾਨਾ ਪੋਸਟ ਝਨੇਰ ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ.,
ਪੁਲਿਸ ਥਾਣਾ,ਸਾਹਨੇਵਾਲ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 1659/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਭੁਪਿੰਦਰ ਕੁਮਾਰ, ਏ.ਐਸ.ਆਈ. ਸਾਹਨੇਵਾਲ (9814697913)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੁਲਿਸ ਥਾਣਾ,ਸਾਹਨੇਵਾਲ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਫ.ਆਈ.ਆਰ. ਨੰ:360, ਮਿਤੀ 28-10-2018 ਸਬੰਧੀ ਮਿਤੀ 27-11-2018 ਦਿੱਤੀ ਗਈ ਆਪਣੀ ਦਰਖਾਸਤ ਯੂ.ਆਈ.ਡੀ. ਨੰ:1468484 ਤੇ ਹੋਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਨੇ ਈ.ਮੇਲ, ਮਿਤੀ 30-07-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ।ਉਸ ਨੇ ਰਿਕਾਰਡ ਦੇ ਅਧਾਰ ਤੇ ਉੱਤਰਦਾਤਾ ਨੂੰ ਲੋੜੀਂਦੀ ਹਦਾਇਤ ਕਰਨ ਲਈ ਵੀ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਸ਼੍ਰੀ ਭੁਪਿੰਦਰ ਕੁਮਾਰ, ਏ.ਐਸ.ਆਈ. ਸਾਹਨੇਵਾਲ ਨੇ ਪੱਤਰ ਨੰ:227., ਮਿਤੀ 15-07-2019 ਰਾਹੀਂ ਕਮਿਸ਼ਨ ਨੰ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਸਮੇਤ ਸੂਚਨਾ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਨੂੰ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਕਵਰਿੰਗ ਪੱਤਰ ਲਗਾ ਕੇ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਵਿੰਦਰ ਸਿੰਘ,
ਪੁੱਤਰ ਸ਼੍ਰੀ ਕੁਲਦੀਪ ਸਿੰਘ,
ਮਕਾਨ ਨੰ:2636, ਗਲੀ ਨੰ:1 ਆਜ਼ਾਦ ਨਗਰ,
ਨੇੜੇ ਸ਼ਿਮਲਾ ਮਾਰਕੀਟ, ਪੁਤਲੀਘਰ, ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਪੁਲਿਸ ਕਮਿਸ਼ਨਰੇਟ, ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ 1662/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਿੰਦਰ ਸਿੰਘ, ਹੈੱਡ ਕੰਸਟੇਬਲ-ਕਮ-ਲੋਕ ਸੂਚਨਾ ਅਧਿਕਾਰੀ ਅਤੇ ਸ਼੍ਰੀ ਸੁਸ਼ੀਲ ਕੁਮਾਰ, ਏ.ਐਸ.ਆਈ. (98141-96949)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-01-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਕਾਇਤ ਨੰ:5596-ਸੀ.ਓ.ਪੀ.-03-10-2018 ਦੀ ਸਟੇਟਸ ਰਿਪੋਰਟ ਅਤੇ ਵਿਭਾਗੀ ਕਾਰਵਾਈ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਿੰਦਰ ਸਿੰਘ, ਹੈੱਡ ਕੰਸਟੇਬਲ-ਕਮ-ਲੋਕ ਸੂਚਨਾ ਅਧਿਕਾਰੀ ਅਤੇ ਸ਼੍ਰੀ ਸੁਸ਼ੀਲ ਕੁਮਾਰ, ਏ.ਐਸ.ਆਈ. ਨੇ ਪੱਤਰ ਨੰ:ਏ.ਸੀ. 403/ ਸੀ.ਪੀ.ਸੀ., ਮਿਤੀ 01-02-2019 ਅਤੇ ਪੱਤਰ ਨੰ:ਏ.ਸੀ. 3030/ ਸੀ.ਪੀ.ਸੀ., ਮਿਤੀ 12-07-2019 ਰਾਹੀਂ ਸੂਚਨਾ ਪੇਸ਼ੀ ਦੌਰਾਨ ਪੇਸ਼ ਕੀਤੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਨੂੰ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਪਦੇਸ਼ ਸਿੰਘ, ਪਲਟੂਨ ਕਮਾਂਡਰ (ਸੇਵਾ ਨਿਵਿਰਤ)
ਵਾਸੀ ਗਲੀ ਪੰਚਾਇਤੀ, ਗੁਰੂਦਵਾਰਾ ਸਾਹਿਬ, ਹਿੰਮਾਯੂਪੁਰ,
ਰੇਲਵੇ ਰੋਡ ਸਰਹਿੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ-140406. -------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸਕੱਤਰ, ਪ੍ਰਸੋਨਲ ਵਿਭਾਗ, ਪੰਜਾਬ,
ਚੰਡੀਗੜ੍ਹ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ 399/2019**

**ਹਾਜ਼ਰ:-**

1) ਸ਼੍ਰੀ ਉਪਦੇਸ਼ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੋਹਿਤ ਮਿੱਤਲ, ਸੀਨੀਅਰ ਸਹਾਇਕ (94653-84141)

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 21-01-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪ੍ਰਸੋਨਲ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡੀ.ਜੀ.ਪੀ. ਹੋਮਗਾਰਡਜ਼, ਦੇ ਪੱਤਰ ਨੰ:5(3)18/4ਹਗ-2018/ਅਮਲਾ-3/129521, ਮਿਤੀ 09-10-2018 ਦੇ ਸਬੰਧ ਵਿੱਚ ਦਿੱਤੀ ਗਈ ਸਲਾਹ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 25-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਰੋਹਿਤ ਮਿੱਤਲ, ਸੀਨੀਅਰ ਸਹਾਇਕ ਨੇ ਪੱਤਰ ਨੰ:16/10/19-4ਪੀ.ਪੀ.3/1430683/1, ਮਿਤੀ 28-02-2019 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਦਫਤਰੀ ਕਾਪੀ ਦੀ ਕਾਪੀ ਪੇਸ਼ ਕੀਤੀ ਗਈ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਿਤ ਕੀਤ ਜਾ ਚੁੱਕਾ ਹੈ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ, ਮਿਤੀ 25-04-21008 ਅਨੁਸਾਰ ਕੋਈ ਸੂਚਨਾ ਕਰੀਏਟ ਕਰਕੇ ਨਹੀਂ ਦਿੱਤੀ ਜਾ ਸਕਦੀ ਅਤੇ ਨਾ ਹੀ ਪ੍ਰਸ਼ਨਾਂ ਦੇ ਉੱਤਰ ਦਿੱਤੇ ਜਾ ਸਕਦੇ ਹਨ।ਉਨਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:16/10/19-4ਪੀ.ਪੀ.3/520, ਮਿਤੀ 12-07-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 21-01-2019 ਦਾ ਜਵਾਬ ਆਰ.ਟੀ.ਆਈ. ਐਕਟ, 2005 ਤਹਿਤ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 28-02-2019 ਨੂੰ ਦਿੱਤਾ ਜਾ ਚੁੱਕਾ ਹੈ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਉਂਦੇ ਹੋਏ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਨੋਦ ਗਪਤਾ, (94171-52218)
ਮਕਾਨ ਨੰ:88, ਚੰਡੀਗੜ੍ਹ ਰੋਡ,
ਸਮਰਾਲਾ ਚੌਕ, ਲੁਧਿਆਣਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:401/2019**

**ਹਾਜ਼ਰ:-**

1) ਸ਼੍ਰੀ ਵਿਨੋਦ ਗਪਤਾ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਰਤਨਦੀਪ ਕੌਰ, ਜੂਨੀਅਰ ਸਹਾਇਕ (95018-00343)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 03-12-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:2122, ਮਿਤੀ 20-11-2017 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 25-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਰਤਨਦੀਪ ਕੌਰ, ਜੂਨੀਅਰ ਸਹਾਇਕ ਸ਼ਿਕਾਇਤਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਈ ਪਰੰਤੂ ਉਸ ਵੱਲੋਂ ਕੋਈ ਸੂਚਨਾ ਪੇਸ਼ ਨਹੀਂ ਕੀਤੀ ਗਈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਅਨੁਸਾਰ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਕਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਵਿੰਦਰ ਸਿੰਘ (94177-45534)
ਪੁੱਤਰ ਸ਼੍ਰੀ ਸੁਰਜੀਤ ਸਿੰਘ,
ਮਕਾਨ ਨੰ:1403-ਬੀ, ਸੈਕਟਰ 37-ਬੀ,
ਚੰਡੀਗੜ੍ਹ।

-----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ,ਪੰਜਾਬ,
ਚੰਡੀਗੜ੍ਹ।

------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 418/2019**

**ਹਾਜ਼ਰ:-**

1) ਸਿ਼ਕਾਇਤਕਰਤਾ ਵੱਲੋਂ ਉਸ ਦੇ ਪਿਤਾ, ਸ਼੍ਰੀ ਸੁਰਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਕੋਈ ਵੀ ਨਹੀਂ।

**ਹੁਕਮ:**

ਸਿ਼ਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 26-03-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਬ ਇੰਸਪੈਕਟਰ ਦੀ ਅਸਾਮੀ ਤੇ ਭਰਤੀ ਲਈ ਮਿਤੀ 12-10-2016 ਨੂੰ ਦਿੱਤੀ ਗਈ ਫਿਜ਼ੀਕਲ ਟਰਾਈਲ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 01-05-2019 ਨੂੰ ਸਿ਼ਕਾਇਤਕਰਤਾ ਨੇ ਕਮਿਸ਼ਨ ਕੋਲ ਸਿ਼ਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸਿ਼ਕਾਇਤਕਰਤਾ ਵੱਲੋਂ ਹਾਜਰ, ਉਸ ਦੇ ਪਿਤਾ, ਸ਼੍ਰੀ ਸੁਰਜੀਤ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਿ਼ਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਅਨੁਸਾਰ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸਿ਼ਕਾਇਤਕਰਕਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰਿੰਦਰ ਸਿੰਘ,
ਵਾਸੀ ਮਕਾਨ ਨੰ:355 ਜੱਸਿਆਂ ਰੋਡ,
ਫਰੈਂਡਜ ਕਲੋਨੀ, ਲੁਧਿਆਣਾ। ------ ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ ਪੁਲਿਸ,
ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:426/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ.(78887-41866)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 16-04-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:7165/10/2015 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 07-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪਵਨਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:ਏ.ਸੀ. 426, ਮਿਤੀ 25-07-2019 ਜ਼ੋ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਮਿਤੀ 25-07-2019 ਨੂੰ ਸ਼ਿਕਾਇਤਕਰਤਾ ਦੇ ਭਰਾ ਨੂੰ ਸੂਚਨਾ ਦੇ ਦਿੱਤੀ ਗਈ ਹੈ ਕਿਉਂਕਿ ਸ਼ਿਕਾਇਤਕਰਤਾ ਦੇਸ਼ ਤੋਂ ਬਾਹਰ ਗਿਆ ਹੋਇਆ ਹੈ। ਉਨਾਂ ਵੱਲੋਂ ਇਸ ਬਾਰੇ ਪ੍ਰਾਪਤ ਕੀਤੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ ਜਿਸ ਅਨੁਸਾਰ ਸ਼ਿਕਾਇਤਕਰਤਾ ਦੇ ਭਰਾ ਵੱਲੋਂ ਸੂਚਨਾ ਤੋਂ ਸੰਤੁਸ਼ਟੀ ਜ਼ਾਹਿਰ ਕੀਤੀ ਹੋਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੀਰ ਸਿੰਘ ਸਿੱਧੂ,
ਪੁੱਤਰ ਲੇਟ ਸ਼੍ਰੀ ਚੂਹੜ ਸਿੰਘ ਸਿੱਧੂ,
ਚੈਂਬਰ ਨੰ:1018 ਕੋਰਟ, ਕੰਪਲੈਕਸ,
ਲੁਧਿਆਣਾ-141001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਿੰਗ ਅਥਾਰਟੀ,
ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ 427/2019**

**ਹਾਜ਼ਰ:-**

1) ਸ਼੍ਰੀ ਬਲਵੀਰ ਸਿੰਘ ਸਿੱਧੂ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 20-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਿੰਗ ਅਥਾਰਟੀ, ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰਿੰਗ ਅਥਾਰਟੀ, ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਘੇਰ ਅੰਦਰ ਆਉਂਦੀਆਂ ਮੋਟਰਕਾਰ/ਟੂਵੀਲ੍ਹਰ/ਫਰਮਾਂ/ਏਜੰਸੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 07-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਨੇ ਅੱਜ ਪੇਸ਼ੀ ਤੇ ਹਾਜ਼ਰ ਹੋ ਕੇ ਦੱਸਿਆ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ, ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਤਾਹਮੀਨਾ ਲਸਕਰ, (88003-49400)
#55-ਏ, ਤੀਜੀ ਮੰਜ਼ਿਲ, ਸਿਧਾਰਥ ਚੈਂਬਰ ਨੰ:1,
ਕਾਲੂ ਸਰਾਏ, ਨਵੀਂ ਦਿੱਲੀ-110016. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਪੰਜਾਬ, ਚੰਡੀਗੜ੍ਹ ।

ਪਹਿਲੀ ਅਪੀਲੀ ਅਥਾਰਟੀ,
ਦਫਡਤਰ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:461/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਮਿਸ. ਸ਼ਿਖਾ ਛਿੱਬੜ (97182-67230)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਵਿੰਦਰ ਸਿੰਘ, ਸੁਪਰਡੰਟ (79736-31293) ਅਤੇ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. (83600-54302)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ (ਲਾਅ ਐਂਡ ਆਰਡਰ ਵਿੰਗ) ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕ੍ਰਿਮੀਨਲ ਪ੍ਰੋਸੀਜਰ ਕੋਡ, 1973 ਦੀ ਧਾਰਾ 41ਸੀ (2) ਅਤੇ (3) ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ/ਪਰਸ-2 (ਐਡਮਿਨ ਵਿੰਗ), ਪੰਜਾਬ, ਵੱਲੋਂ ਆਪਣੇ ਪੱਤਰ ਨੰ:2531-32/ਆਰ.ਟੀ.ਆਈ.-3, ਮਿਤੀ 26-06-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਦਫ਼ਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ ਨੂੰ ਆਰ.ਟੀ.ਆਈ. ਐਕਟ ਦੀ ਧਾਰਾ 6(3) ਅਧੀਨ ਤਬਦੀਲ ਕਰ ਦਿੱਤਾ ਗਿਆ ਸੀ।ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਵਿੰਦਰ ਸਿੰਘ, ਸੁਪਰਡੰਟ ਅਤੇ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. ਨੇ ਪੱਤਰ ਨੰ:ਏ.ਸੀ. 2099/ਆਰ.ਟੀ.ਆਈ./ਸੀ.ਸੀ, ਮਿਤੀ 30-07-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਪੱਤਰ ਨੰ:689/ਆਰ.ਟੀ.ਆਈ./ਸੀ.ਸੀ, ਮਿਤੀ 15-07-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜ਼ਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵੱਲੋਂ ਹਾਜ਼ਰ, ਨੁਮਾਇੰਦੇ, ਮਿਸ. ਸ਼ਿਖਾ ਛਿੱਬੜ ਨੇ ਕਿਹਾ ਕਿ ਉਸ ਨੂੰ ਜਵਾਬ ਦਿੱਤਾ ਹੋਇਆ ਹੈ ਪਰੰਤੂ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਹ ਜਵਾਬ ਸਹੀ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ, ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰਜਨ ਸਿੰਘ,
ਪੁੱਤਰ ਚੰਨਣ ਸਿੰਘ,
ਵਾਸੀ ਧਾਲੀਵਾਲ ਪੱਤੀ, ਪਿੰਡ ਛਾਜਲੀ,
ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ।

**(ਰਜਿਸਟਰਡ)** ਸ਼੍ਰੀਮਤੀ ਗੁਰਲੀਨ ਕੌਰ, ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:269/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਾਕਾ ਰਕਬਾ ਪਿੰਡ ਛਾਜਲੀ-ਏ ਬਾਬਤ ਕੀਲਾ ਨੰ:312//14, (0-3) 312//15 (0-3) 312//16(0-3) 312//12(0-03) ਦੀ ਨਿਸ਼ਾਨਦੇਹੀ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 18-06-2019 ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਗੁਰਮੁੱਖ ਸਿੰਘ, ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 08-07-2019 ਤੇ ਫਿਰ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:269/2019**

ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਨੇ ਈ.ਮੇਲ, ਮਿਤੀ 31-07-2019 ਰਾਹੀਂ ਭੇਜੇ ਗਏ ਪੱਤਰ ਨੰ:440, ਮਿਤੀ 30-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਇਸ ਕੇਸ ਨਾਲ ਸਬੰਧਤ ਰਿਕਾਰਡ ਪ੍ਰਾਪਤ ਨਹੀਂ ਹੋਇਆ ਅਤੇ ਰਿਕਾਰਡ ਦੀ ਭਾਲ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸੁਨਾਮ ਸ਼ਹਿਰ ਵਿੱਚ ਸ਼ਹੀਦ ਊਧਮ ਸਿੰਘ ਵਾਲਾ ਦੀ ਮਿਤੀ 31-07-2019 ਨੂੰ ਬਰਸੀ ਮਨਾਉਣ ਲਈ ਤਿਆਰੀ ਕਰਨ ਲਈ ਸਮੂਹ ਸਟਾਫ ਦੀਆਂ ਡਿਊਟੀਆਂ ਲਗਾਈਆਂ ਹੋਈਆਂ ਹਨ। ਇਸ ਲਈ ਉਨ੍ਹਾਂ ਵੱਲੋਂ ਰਿਕਾਰਡ ਪੇਸ਼ ਕਰਨ ਲਈ ਇੱਕ ਮੌਕੇ ਦੀ ਮੰਗ ਕੀਤੀ ਗਈ ਹੈ।

5. ਦਫ਼ਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 02-11-2018 ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ। ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ 09 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਸੂਚਨਾ ਹੀ ਭੇਜੀ ਗਈ ਹੈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

6. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀਮਤੀ ਗੁਰਲੀਨ ਕੌਰ, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੁਲੀਆ ਰਾਮ, (ਮੋਬ: 96460-60863)
ਪੁੱਤਰ ਸ਼੍ਰੀ ਮੁੰਨਾ ਰਾਮ, ਦਸਮੇਸ਼ ਕਲੌਨੀ,
ਨੇੜੇ ਸ਼ਿਸ਼ੂ ਭਾਰਤੀ ਸਕੂਲ, ਗਲੀ ਨੰ:3,
ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ।
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ।

ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:955/2019**

**ਹਾਜ਼ਰ:-**

1) ਸ਼੍ਰੀ ਦੁਲੀਆ ਰਾਮ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਸੁਨਾਮ ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਕੌਂਸਿਲ, ਸੁਨਾਮ ਵਿਖੇ ਬਤੌਰ ਸਫਾਈ ਮੇਟ ਕੀਤੀ ਗਈ ਆਪਣੀ ਸੇਵਾ ਨਾਲ ਸਬੰਧਤ ਰਿਕਾਰਡ ਸਬੰਧੀ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 08-07-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ ਨੇ ਪੱਤਰ ਨੰ:498, ਮਿਤੀ 05-07-2019 ਅਤੇ ਹਲਫੀਆ-ਬਿਆਨ, ਮਿਤੀ 08-07-2019 ਰਾਹੀਂ ਕਮਿਸ਼ਨ ਦੇ ਹੁਕਮ, ਮਿਤੀ 18-06-2019 ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਬਾਰੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਹਾਜ਼ਰ ਉੱਤਰਦਾਤਾ ਨੇ ਪੱਤਰ ਨੰ:2339, ਮਿਤੀ 27-07-2018 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਇਹ ਵੀ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਹੋਈ ਹੈ। ਇਸ ਪੱਤਰ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 30-07-2018 ਨੂੰ ਆਪਣੇ ਹਸਤਾਖਰਾਂ ਹੇਠ ਸੂਚਨਾ ਪ੍ਰਾਪਤ ਕੀਤੀ ਹੋਈ ਸੀ। ਇਸ ਕਰ ਕੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:955/2019**

ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਕਮਿਸ਼ਨ ਨੂੰ ਭੇਜੀ ਗਈ ਹੈ। ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣਾ ਪੱਤਰ, ਮਿਤੀ 29-07-2019 ਪੇਸ਼ ਕਰਦੇ ਹੋਏ ਕਿਹਾ ਹੈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਪੱਤਰ ਨੰ:2339, ਮਿਤੀ 27-07-2018 ਰਾਹੀਂ ਸੂਚਿਤ ਕੀਤਾ ਗਿਆ ਸੀ ਕਿ ਪ੍ਰੋਸੀਡਿੰਗਜ਼ ਬੁੱਕ ਦੀ ਭਾਲ ਕੀਤੀ ਜਾ ਰਹੀ ਹੈ ਪਰੰਤੂ ਇੱਕ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ। ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਪਿਛਲੀ ਪੇਸ਼ੀ, ਮਿਤੀ 08-07-2019 ਤੇ ਹਾਜ਼ਰ ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਸੁਨਾਮ ਨੇ ਪੱਤਰ ਨੰ:498, ਮਿਤੀ 05-07-2019 ਅਤੇ ਹਲਫੀਆ-ਬਿਆਨ, ਮਿਤੀ 08-07-2019 ਰਾਹੀਂ ਕਮਿਸ਼ਨ ਦੇ ਹੁਕਮ, ਮਿਤੀ 18-06-2019 ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਬਾਰੇ ਆਪਣਾ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਦੱਸਿਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ 20 ਸਾਲ ਤੋਂ ਵੀ ਵੱਧ ਪੁਰਾਣਾ ਹੋਣ ਕਾਰਨ ਕੁੱਝ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ ਪਰੰਤੂ ਕੁੱਝ ਸੂਚਨਾ ਬਾਰੇ ਰਿਕਾਰਡ ਉਪਲਬਧ ਨਹੀਂ ਹੋ ਰਿਹਾ। ਅਪੀਲਕਰਤਾ ਨੇ ਵੀ ਦੱਸਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਪੱਤਰ ਨੰ:2339, ਮਿਤੀ 27-07-2018 ਰਾਹੀਂ ਸੂਚਿਤ ਕੀਤਾ ਹੋਇਆ ਹੈ ਕਿ ਪ੍ਰੋਸੀਡਿੰਗਜ਼ ਬੁੱਕ ਦੀ ਭਾਲ ਕੀਤੀ ਜਾ ਰਹੀ ਹੈ। ਉੱਤਰਦਾਤਾ ਵੱਲੋਂ ਉਨ੍ਹਾਂ ਕੋਲ ਉਪਲਬਧ ਸੂਚਨਾ ਅਪੀਲਕਰਤਾ ਨੂੰ ਮਹੁੱਈਆ ਕਰਵਾਈ ਜਾ ਚੁੱਕੀ ਹੈ ਅਤੇ ਪ੍ਰੋਸੀਡਿੰਗਜ਼ ਬੁੱਕ ਦੀ ਕਾਪੀ **ਬਾਰੇ ਹਦਾਇਤ ਕੀਤੀ ਜਾਂਦੀ ਹੈ ਕਿ ਪ੍ਰੋਸੀਡਿੰਗਜ਼ ਬੁੱਕ ਉਪਲਬਧ ਹੋਣ ਤੇ ਪ੍ਰੋਸੀਡਿੰਗਜ਼ ਬੁੱਕ ਦੀ ਕਾਪੀ ਅਪੀਲਕਰਤਾ ਨੂੰ ਦੇ ਦਿੱਤੀ ਜਾਵੇ।** ਇਸ ਸਥਿਤੀ ਦੇ ਸਨਮੁੱਖ ਸ਼੍ਰੀ ਸੰਜੇ ਕੁਮਾਰ, ਕਾਰਜ ਸਾਧਕ ਅਫਸਦਡਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ ਵੱਲੋਂ ਪੱਤਰ ਨੰ:498, ਮਿਤੀ 05-07-2019 ਅਤੇ ਹਲਫੀਆ-ਬਿਆਨ, ਮਿਤੀ 08-07-2019 ਰਾਹੀਂ ਪੇਸ਼ ਕੀਤੇ ਗਏ ਸਪੱਸ਼ਟੀਕਰਣ ਨੂੰ ਤਸੱਲੀਬਖਸ਼ ਪਾਉਂਦੇ ਹੋਏ ਉਸ ਵਿਰੁੱਧ ਕਮਿਸ਼ਨ ਦੇ ਹੁਕਮ, ਮਿਤੀ 18-06-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਪਿੰਕੀ,
ਪੁੱਤਰੀ ਸ਼੍ਰੀ ਮੇਜਰ ਸਿੰਘ,
ਪਿੰਡ ਮਗੜ ਕਲ੍ਹਾਂ,
ਡਾਕਖਾਨਾ ਬਰੀਵਾਲਾ, ਜ਼ਿਲ੍ਹਾ ਮੁਕਤਸਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,
ਸੈਕਟਰ-68, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:375/2019**

**ਹਾਜ਼ਰ:-**

1) ਮਿਸ. ਪਿੰਕੀ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਮਜੀਤ ਸਿੰਘ, ਸੀਨੀਅਰ ਸਹਾਇਕ (85286-67509)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 06-11-2017 ਨੂੰ ਸਟੈਨੋਟਾਈਪਿਸਟ ਲਈ ਦਿੱਤੇ ਗਏ ਪੇਪਰ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮਜੀਤ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:2/1/15-ਸੀ.ਏ.1-2(ਅਸਚਬ)/1390, ਮਿਤੀ 29-07-2019, ਜਿਸ ਦਾ ਇੱਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2/17/2018-ਸੀ.ਏ.1-2(ਅਸਚਬ)/242, ਮਿਤੀ 30-01-2019, ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਸ਼ਿਕਾਇਤਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲਖਵਿੰਦਰ ਸਿੰਘ,
ਪੁੱਤਰ ਸ਼੍ਰੀ ਗੁਰਜੰਟ ਸਿੰਘ,
ਪਿੰਡ ਤੇ ਡਾਕਖਾਨਾ ਪੱਟੀ ਸਦੀਕ,
ਤਹਿਸੀਲ ਅਬੋਹਰ। ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜਨ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜਨ,ਫਿਰੋਜਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:1350/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਖਬੀਰ ਸਿੰਘ, ਕਲਰਕ (78378-68766) ਦਫਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-01-2019, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜਨ ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਕਾਇਤ ਮੀਮੋ: ਨੰ:ਜੀ.ਸੀ.-2/2018/2154, ਮਿਤੀ 21-05-2018 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਲਖਬੀਰ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ ਨੇ ਪੱਤਰ ਨੰ:ਸਕ/ਆਰ.ਟੀ.ਆਈ./2019/2558, ਮਿਤੀ 30-07-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਹੋਇਆ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਸਕ/ਆਰ.ਟੀ.ਆਈ./2019/702, ਮਿਤੀ 28-02-2019 ਰਾਹੀਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 31 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**